ਜ਼ਿਲ੍ਹਾ ਲੋਕ ਸੰਪਰਕ ਦਫਤਰ, ਫ਼ਤਹਿਗੜ੍ਹ ਸਾਹਿਬ

ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਗੇਜਾ ਰਾਮ ਨੇ ਕੇਂਦਰ ਸਰਕਾਰ ਤੋਂ ਸਫਾਈ ਕਰਮਚਾਰੀਆਂ ਲਈ ਪੀ.ਪੀ.ਈ. ਕਿੱਟਾਂ ਦੀ ਕੀਤੀ ਮੰਗ

ਕਿੱਟਾਂ ਮੁਹੱਈਆ ਕਰਵਾਉਣ ਲਈ ਕੌਮੀ ਸਫਾਈ ਕਰਮਚਾਰੀ ਕਮਿਸ਼ਨ ਨੂੰ ਲਿਖਿਆ ਪੱਤਰ

ਫ਼ਤਹਿਗੜ੍ਹ ਸਾਹਿਬ, 24 ਅਪ੍ਰੈਲ :

ਪੰਜਾਬ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਸ੍ਰੀ ਗੇਜਾ ਰਾਮ ਨੇ ਕੌਮੀ ਸਫਾਈ ਕਰਮਚਾਰੀ ਕਮਿਸ਼ਨ, ਨਵੀਂ ਦਿੱਲੀ ਨੂੰ ਇਕ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਫਰੰਟ ਲਾਈਨ 'ਤੇ ਡਿਊਟੀ ਨਿਭਾ ਰਹੇ ਸਫਾਈ ਕਰਮਚਾਰੀਆਂ ਨੂੰ ਕੇਂਦਰ ਸਰਕਾਰ ਵੱਲੋਂ ਪੀ.ਪੀ.ਈ. ਕਿੱਟਾਂ ਮੁਹੱਈਆ ਕਰਵਾਈਆਂ ਜਾਣ। ਉਨ੍ਹਾਂ ਕਿਹਾ ਹੈ ਕਿ ਸਫਾਈ ਕਰਮਚਾਰੀ ਕੋਰੋਨਾ ਵਾਇਰਸ ਵਰਗੀ ਖਤਰਨਾਕ ਮਹਾਂਮਾਰੀ ਦੌਰਾਨ ਆਪਣੀ ਜਾਨ ਦੀ ਪ੍ਰਵਾਹ ਨਾ ਕਰਦੇ ਹੋਏ ਬਹਾਦਰੀ ਨਾਲ ਡਿਊਟੀ ਨਿਭਾ ਰਹੇ ਹਨ ਅਤੇ ਉਨ੍ਹਾਂ ਦੀ ਸਿਹਤਯਾਬੀ ਲਈ ਉਨ੍ਹਾਂ ਨੂੰ ਵੀ ਪੀ.ਪੀ.ਈ. ਕਿੱਟਾਂ ਮੁਹੱਈਆ ਕਰਵਾਉਣੀਆਂ ਚਾਹੀਦੀਆਂ ਹਨ।

ਸ੍ਰੀ ਗੇਜਾ ਰਾਮ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਚਾਹੀਦਾ ਹੈ ਕਿ ਸਫਾਈ ਕਰਮਚਾਰੀਆਂ ਨੂੰ ਵੀ ਇਹ ਕਿੱਟਾਂ ਮੁਹੱਈਆ ਕਰਵਾਈਆਂ ਜਾਣ ਤਾਂ ਜੋ ਉਹ ਜਿਥੇ ਆਪ ਇਸ ਮਹਾਂਮਾਰੀ ਤੋਂ ਬਚੇ ਰਹਿਣ, ਉਥੇ ਹੀ ਉਨ੍ਹਾਂ ਦੇ ਪਰਿਵਾਰ ਵੀ ਤੰਦਰੁਸਤ ਰਹਿਣ। ਉਨ੍ਹਾਂ ਕਿਹਾ ਕਿ ਕੋਰੋਨਾ ਵਾਇਰਸ ਕਾਰਨ ਪੈਦਾ ਹੋਏ ਹਾਲਾਤਾਂ ਦੇ ਮੱਦੇਨਜ਼ਰ ਸਫਾਈ ਕਰਮਚਾਰੀਆਂ ਨੇ ਇਸ ਮਹਾਂਮਾਰੀ ਨੂੰ ਫੈਲਣ ਤੋਂ ਰੋਕਣ ਲਈ ਸ਼ਲਾਘਾਯੋਗ ਸੇਵਾਵਾਂ ਨਿਭਾਈਆਂ ਹਨ ਅਤੇ ਕੇਂਦਰ ਸਰਕਾਰ ਦਾ ਇਹ ਫਰਜ਼ ਬਣਦਾ ਹੈ ਕਿ ਕੋਰੋਨਾ ਖਿਲਾਫ ਲੜੀ ਜਾ ਰਹੀ ਇਸ ਜੰਗ ਵਿੱਚ ਆਪਣਾ ਅਹਿਮ ਯੋਗਦਾਨ ਦੇਣ ਵਾਲੇ ਸਫਾਈ ਕਰਮਚਾਰੀਆਂ ਦੀ ਸਿਹਤ ਦਾ ਵਿਸ਼ੇਸ਼ ਤੌਰ 'ਤੇ ਧਿਆਨ ਰੱਖਿਆ ਜਾਵੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹਾ ਮੈਜਿਸਟਰੇਟ ਵਲੋਂ ਕਰਫਿਊ ਦੌਰਾਨ ਇੱਟਾਂ
ਦੀ ਸਪਲਾਈ ਦੀ ਆਗਿਆ

ਸਵੇਰੇ 07:00 ਵਜੇ ਤੋਂ ਦੁਪਹਿਰ 01:00 ਵਜੇ ਤੱਕ ਹੋਵੇਗੀ ਸਪਲਾਈ

ਇੱਟਾਂ ਦੀ ਸਪਲਾਈ ਵਾਲੇ ਵਾਹਨ ਤੇ ਡਰਾਈਵਰ ਤੋਂ ਇਲਾਵਾ ਦੋ ਮਜ਼ਦੂਰ ਮੌਜੂਦ ਹੋਣ ਦੀ
ਹੋਵੇਗੀ ਇਜ਼ਾਜ਼ਤ

ਹਰੇਕ ਵਿਅਕਤੀ ਨੂੰ ਮਾਸਕ ਪਾਉਣਾ ਲਾਜ਼ਮੀ ਤੇ ਜਨਤਕ ਥਾਵਾਂ 'ਤੇ ਥੁੱਕਣ ਦੀ ਮਨਾਹੀ

ਫ਼ਤਹਿਗੜ੍ਹ ਸਾਹਿਬ, 24 ਅਪ੍ਰੈਲ :

ਜ਼ਿਲ੍ਹਾ ਮੈਜਿਸਟਰੇਟ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਲਗਾਏ ਕਰਫਿਊ ਦੌਰਾਨ ਇੱਟਾਂ ਦੀ ਸਪਲਾਈ ਕਰਨ ਦੀ ਆਗਿਆ ਦਿੱਤੀ ਹੈ। ਇਸ ਸਬੰਧੀ ਜਾਰੀ ਹੁਕਮਾਂ ਅਨੁਸਾਰ ਭੱਠਾ ਮਾਲਕ ਸਵੇਰੇ 07:00 ਵਜੇ ਤੋਂ ਦੁਪਹਿਰ 01:00 ਵਜੇ ਤੱਕ ਇੱਟਾਂ ਦੀ ਸਪਲਾਈ ਕਰ ਸਕਣਗੇ I ਇਹ ਵੀ ਹਦਾਇਤ ਕੀਤੀ ਗਈ ਹੈ ਕਿ ਇੱਟਾਂ ਦੀ ਸਪਲਾਈ ਕਰਨ ਵਾਲੇ ਵਾਹਨ ਦੇ ਡਰਾਈਵਰ ਤੋਂ ਇਲਾਵਾ ਸਿਰਫ ਦੋ ਮਜਦੂਰਾਂ ਨੂੰ ਹੀ ਨਾਲ ਜਾਣ ਦੀ ਆਗਿਆ ਹੋਵੇਗੀ। ਭੱਠਾ ਮਾਲਕਾਂ ਨੂੰ ਇਹ ਵੀ ਨਿਰਦੇਸ਼ ਦਿੱਤੇ ਹਨ ਕਿ ਕੋਵਿਡ-19 ਸਬੰਧੀ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ।
ਅਜਿਹਾ ਇਸ ਲਈ ਕੀਤਾ ਗਿਆ ਹੈ ਕਿਉਂਕਿ ਕੁਝ ਥਾਵਾਂ 'ਤੇ ਉਸਾਰੀ ਦਾ ਕੰਮ ਚੱਲਦਾ ਹੋਣ ਕਰ ਕੇ ਇੱਟਾਂ ਦੀ ਮੰਗ ਕੀਤੀ ਜਾ ਰਹੀ ਸੀ ਅਤੇ ਭੱਠਾ ਮਾਲਕਾਂ ਨੂੰ ਵੀ ਇੱਟਾਂ ਸਪਲਾਈ ਕਰਨ ਵਿੱਚ ਮੁਸ਼ਕਲ ਪੇਸ਼ ਆ ਰਹੀ ਸੀ I ਜ਼ਿਲ੍ਹਾ ਮੈਜਿਸਟਰੇਟ ਨੇ ਇਹ ਆਦੇਸ਼ ਵੀ ਦਿੱਤੇ ਹਨ ਕਿ ਜ਼ਿਲ੍ਹੇ ਅੰਦਰ ਹਰੇਕ ਵਿਅਕਤੀ ਨੂੰ ਜਨਤਕ ਥਾਵਾਂ 'ਤੇ ਮਾਸਕ ਪਾਉਣਾ ਲਾਜ਼ਮੀ ਹੈ ਅਤੇ ਜਨਤਕ ਥਾਵਾਂ 'ਤੇ ਥੁੱਕਣ ਦੀ ਵੀ ਮਨਾਹੀ ਹੈ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਰਾਜਪੁਰਾ ਦੇ ਨਾਲ ਲੱਗਦੇ ਜ਼ਿਲ੍ਹੇ ਦੇ ਪਿੰਡਾਂ ਵਿੱਚ ਕੋਰੋਨਾ ਸਬੰਧੀ ਸਰਵੇ ਤੇ ਸਕਰੀਨਿੰਗ

ਸਕਰੀਨਿੰਗ ਕਰ ਕੇ ਲਏ ਜਾ ਰਹੇ ਨੇ ਸੈਂਪਲ

ਕੋਰੋਨਾ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਨਾਉਣ ਦੀ ਅਪੀਲ

ਫ਼ਤਹਿਗੜ੍ਹ ਸਾਹਿਬ, 24 ਅਪ੍ਰੈਲ

ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਪੀ.ਐਚ.ਸੀ. ਚਨਾਰਥਲ ਕਲਾਂ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੀ.ਐਚ.ਸੀ. ਚਨਾਰਥਲ ਕਲਾਂ ਦੇ ਸੀਨੀਅਰ ਮੈਡੀਕਲ ਅਫਸਰ ਡਾ. ਰਮਿੰਦਰ ਕੌਰ ਵਾਲੀਆ ਨੇ ਦੱਸਿਆ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਜਿਹੜੇ ਪਿੰਡ ਰਾਜਪੁਰਾ ਦੇ ਨਜ਼ਦੀਕ ਪੈਂਦੇ ਹਨ ਹਨ ਅਤੇ ਪੀ.ਐਚ.ਸੀ. ਚਨਾਰਥਲ ਕਲਾਂ ਦੇ ਅਧੀਨ ਆਉਂਦੇ ਹਨ, ਉਨ੍ਹਾਂ ਵਿੱਚ ਵਿਸ਼ੇਸ਼ ਟੀਮਾਂ ਬਣਾ ਕੇ ਸਰਵੇ ਤੇ ਸਕਰੀਨਿੰਗ ਕੀਤੀ ਜਾ ਰਹੀ ਹੈ।
ਡਾ. ਰਮਿੰਦਰ ਕੌਰ ਨੇ ਦੱਸਿਆ ਕਿ ਜਿਹੜੇ ਵਿਅਕਤੀ ਪਿਛਲੇ ਦੋ ਹਫਤਿਆਂ ਵਿੱਚ ਰਾਜਪੁਰਾ ਵਿਖੇ ਕਿਸੇ ਵੀ ਕੰਮ ਜਾ ਮੰਡੀ ਵਿੱਚ ਗਏ ਸਨ, ਉਨ੍ਹਾਂ ਦੀ ਸਕਰੀਨਿੰਗ ਕਰ ਕੇ ਸੈਂਪਲ ਲਏ ਜਾ ਰਹੇ ਹਨ। ਇਸੇ ਤਹਿਤ ਅੱਜ ਪਿੰਡ ਛਲੇੜੀ, ਮੀਆਂਪੁਰ ਅਤੇ ਪੋਲਾ ਵਿੱਚ ਫੀਲਡ ਵਰਕਰਾਂ ਵੱਲੋਂ ਲੋਕਾਂ ਦੀ ਸਕਰੀਨਿੰਗ ਕੀਤੀ ਗਈ ਅਤੇ ਟੈਸਟ ਸੈਂਪਲਿੰਗ ਕੀਤੀ ਜਾ ਰਹੀ ਹੈ। ਸੀਨੀਅਰ ਮੈਡੀਕਲ ਅਫਸਰ ਨੇ ਦੱਸਿਆ ਕਿ ਰਾਜਪੁਰਾ ਦੇ ਨਜ਼ਦੀਕ ਪੈਂਦੇ ਸਾਰੇ ਪਿੰਡਾਂ ਵਿੱਚ ਸਰਵੇ ਤੇ ਸਕਰੀਨਿੰਗ ਕੀਤੀ ਜਾਵੇਗੀ।
ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਰੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਜਾਵੇ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਕੋਰੋਨਾ ਵਾਇਰਸ ਦੇ ਮੱਦੇਨਜ਼ਰ ਲੋਕਾਂ ਤੱਕ ਤਾਜ਼ੀ ਤੇ ਸਾਫ ਸੁਥਰੀ ਸਬਜ਼ੀ ਪੁੱਜਦੀ ਕਰਨ ਵਿੱਚ ਬਾਗਬਾਨੀ ਵਿਭਾਗ ਪਾ ਰਿਹੈ ਅਹਿਮ ਯੋਗਦਾਨ

ਸਬਜ਼ੀਆਂ ਦੀਆਂ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਮਿਲ ਰਿਹੈ ਲਾਭ

ਪਿੰਡ ਹਰੀਪੁਰ ਦੇ ਕਿਸਾਨ ਰਿਪੁਦਮਨ ਸਿੰਘ ਤੇ ਉਸ ਦੇ ਸਾਥੀ ਕਿਸਾਨਾਂ ਵੱਲੋਂ ਘਰ ਘਰ ਪੁੱਜਦੀ ਕੀਤੀ ਜਾ ਰਹੀ ਹੈ ਪੈਕ ਕੀਤੀ ਸਬਜ਼ੀ

ਫ਼ਤਹਿਗੜ੍ਹ ਸਾਹਿਬ/ਅਮਲੋਹ, 24 ਅਪ੍ਰੈਲ

ਕੋਰੋਨਾ ਵਾਇਰਸ ਕਾਰਨ ਪੈਦਾ ਹੋਈ ਸਥਿਤੀ ਵਿੱਚ ਲੋਕਾਂ ਤੱਕ ਤਾਜ਼ੀ ਤੇ ਸਾਫ ਸੁਥਰੀ ਸਬਜ਼ੀ ਪੁੱਜਦੀ ਕਰਨ ਤੇ ਸਬਜ਼ੀਆਂ ਦੇ ਕਾਸ਼ਤਕਾਰਾਂ ਦੀ ਫ਼ਸਲ ਦੇ ਮੰਡੀਕਰਨ ਵਿੱਚ ਬਾਗਬਾਨੀ ਵਿਭਾਗ ਅਹਿਮ ਯੋਗਦਾਨ ਪਾ ਰਿਹਾ ਹੈ , ਜਿਸ ਨਾਲ ਆਮ ਲੋਕਾਂ ਤੇ ਸਬਜ਼ੀ ਕਾਸ਼ਤਕਾਰਾਂ, ਦੋਵਾਂ ਨੂੰ ਹੀ ਲਾਭ ਹੋ ਰਿਹਾ ਹੈ।
ਇਸ ਬਾਰੇ ਜਾਣਕਾਰੀ ਦਿੰਦਿਆਂ ਬਾਗਬਾਨੀ ਵਿਕਾਸ ਅਫ਼ਸਰ ਸ਼੍ਰੀਮਤੀ ਰੁਪਿੰਦਰ ਕੌਰ ਨੇ ਦੱਸਿਆ ਕਿ ਬਲਾਕ ਅਮਲੋਹ ਦੇ ਪਿੰਡ ਹਰੀਪੁਰ ਦਾ ਕਸਾਨ ਰਿਪੁਦਮਨ ਸਿੰਘ, ਜਿਸ ਨੇ 08 ਏਕੜ ਵਿੱਚ ਕਈ ਕਿਸਮ ਦੀ ਸਬਜ਼ੀ ਲਾਈ ਹੋਈ ਹੈ, ਵੱਲੋਂ ਆਪਣੇ ਸਾਥੀ ਕਿਸਾਨਾਂ ਦੇ ਗਰੁੱਪ ਨੂੰ ਨਾਲ ਲੈ ਕੇ ਬਾਗਬਾਨੀ ਵਿਭਾਗ ਦੇ ਸਹਿਯੋਗ ਨਾਲ ਸਬਜ਼ੀਆਂ ਨੂੰ ਘਰ-ਘਰ ਪਹੁੰਚਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ।ਇਸ ਕਿਸਾਨ ਨੂੰ ਲਗਭਗ 10 ਹੋਰ ਕਿਸਾਨ ਸਹਿਯੋਗ ਦੇ ਰਹੇ ਹਨ, ਜਿਨ੍ਹਾਂ ਕੋਲ ਵੱਖ-ਵੱਖ ਕਿਸਮ ਦੀਆਂ ਸਬਜ਼ੀਆਂ ਹਨ।
ਬਾਗਬਾਨੀ ਵਿਕਾਸ ਅਫ਼ਸਰ ਨੇ ਦੱਸਿਆ ਕਿ ਇਹ ਸਬਜ਼ੀਆਂ ਕੋਵਿਡ-19 ਦੇ ਬਚਾਅ ਲਈ ਲੋੜੀਂਦੀਆਂ ਸਾਵਧਾਨੀਆਂ ਨੂੰ ਮੁੱਖ ਰੱਖ ਕੇ ਖੇਤਾਂ ਵਿੱਚ ਤੋੜੀਆਂ ਜਾਂਦੀਆਂ ਹਨ।ਇਸ ਗਰੁੱਪ ਵੱਲੋਂ ਫੋਨ ਉਤੇ  ਆਰਡਰ ਮਿਲਣ ਉਤੇ ਪੈਕ ਕੀਤੀ ਸਬਜ਼ੀ ਘਰੋ ਘਰ ਪੁੱਜਦੀ ਕੀਤੀ ਜਾ ਰਹੀ ਹੈ। ਮੌਜੂਦਾ ਹਾਲਾਤ ਵਿੱਚ ਇਸ ਤਰ੍ਹਾਂ ਦਾ ਮੰਡੀਕਰਨ ਇੱਕ ਮਿਸਾਲ ਦੇ ਤੌਰ 'ਤੇ ਉਭਰ ਕੇ ਸਾਹਮਣੇ ਆਇਆ ਹੈ।ਇਹ ਗਰੁੱਪ ਕਈ ਕਿਸਮ ਦੀ ਸਬਜ਼ੀ ਜਿਵੇਂ ਮਿਰਚ, ਧਨੀਆਂ, ਕੱਦੂ, ਬੈਂਗਣ, ਆਲੂ, ਹਰਾ ਪਿਆਜ਼, ਪੇਠਾ, ਬੈਂਗਣ, ਚੱਪਣ ਕੱਦੂ, ਮੂਲੀ, ਖੀਰਾ, ਤਰ,ਟਮਾਟਰ ਆਦਿ ਦੀ ਲੋੜ ਮੁਤਾਬਿਕ 02 ਤੋਂ ਲੈ ਕੇ 05 ਕਿਲੋ ਤੱਕ ਪੈਕਿੰਗ ਕਰ ਕੇ ਘਰ ਪਹੁੰਚਾ ਦਿੰਦਾ ਹੈ।ਇਸ ਗਰੁੱਪ ਵੱਲੋਂ ਇਸ ਵੇਲੇ ਕਰੀਬ 06 ਕੁਇੰਟਲ ਪ੍ਰਤੀ ਦਿਨ ਸਬਜ਼ੀ ਸਪਲਾਈ ਕੀਤੀ ਜਾ ਰਹੀ ਹੈ।ਇਹ ਸਪਲਾਈ ਯਕੀਨੀ ਬਣਾਉਣ ਲਈ ਇਸ ਕਿਸਾਨ ਗਰੁੱਪ ਦੀਆਂ ਜੋ ਵੀ ਲੋੜਾਂ ਸਨ, ਉਹ ਬਾਗਬਾਨੀ ਵਿਭਾਗ ਵੱਲੋਂ ਪੂਰੀਆਂ ਕੀਤੀਆਂ ਗਈਆਂ ਹਨ।
ਇਸ ਗਰੁੱਪ ਦੇ ਮੋਢੀ ਰਿਪੁਦਮਨ ਸਿੰਘ ਦਾ ਮੋਬਾਇਲ ਨੰ: 78885-26304 ਹੈ, ਜਿਸ ਉਤੇ ਫੋਨ ਕਰ ਕੇ ਤਾਜ਼ੀ ਤੇ ਸਾਫ ਸੁਥਰੀ ਸਬਜ਼ੀ ਘਰ ਮੰਗਵਾਈ ਜਾ ਸਕਦੀ ਹੈ।ਇਸ ਤੋਂ ਇਲਾਵਾ ਜੇ ਕੋਈ ਵੀ ਸਬਜ਼ੀ ਕਾਸ਼ਤਕਾਰ ਇਸ ਪ੍ਰਣਾਲੀ ਨਾਲ ਜੁੜ ਕੇ ਸਬਜ਼ੀ ਦਾ ਮੰਡੀਕਰਨ ਕਰਨਾ ਚਾਹੁੰਦਾ ਹੈ ਤਾਂ ਬਾਗਬਾਨੀ ਵਿਭਾਗ ਦੇ ਸਹਾਇਕ ਡਾਇਰੈਕਟਰ, ਫ਼ਤਹਿਗੜ੍ਹ ਸਾਹਿਬ ਨਰਿੰਦਰਬੀਰ ਸਿੰਘ ਨਾਲ ਫੋਨ ਨੰਬਰ 75080-18919 ਉਤੇ ਸੰਪਰਕ ਕਰ ਸਕਦਾ ਹੈ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਕੋਰੋਨਾ ਖ਼ਿਲਾਫ਼ ਲੜਾਈ ਵਿਚ ਖੁਸ਼ਹਾਲੀ ਦੇ ਰਾਖਿਆਂ ਦੀ ਅਹਿਮ ਭੂਮਿਕਾ: ਟੀ.ਐਸ. ਸ਼ੇਰਗਿੱਲ

ਕਣਕ ਦੀ ਖ਼ਰੀਦ ਪ੍ਰਕਿਰਿਆ ਵਿੱਚ ਖੁਸਹਾਲੀ ਦੇ ਰਾਖੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਮੋਢੇ ਨਾਲ ਮੋਢਾ ਜੋੜ ਕੇ ਕਰ ਰਹੇ ਨੇ ਕੰਮ

ਮੁੱਖ ਮੰਤਰੀ ਦੇ ਸੀਨੀਅਰ ਸਲਾਹਕਾਰ ਵੱਲੋਂ ਕੋਰੋਨਾ ਵਾਇਰਸ ਤੋਂ ਬਚਾਅ ਤੇ ਕਣਕ ਦੀ ਖ਼ਰੀਦ ਸਬੰਧੀ ਸਥਿਤੀ ਦਾ ਜਾਇਜ਼ਾ ਲੈਣ ਲਈ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ

ਪ੍ਰਸ਼ਾਸਨ ਦੀ ਕਾਰਗੁਜ਼ਾਰੀ ਦੀ ਕੀਤੀ ਸ਼ਲਾਘਾ

ਫ਼ਤਹਿਗੜ੍ਹ ਸਾਹਿਬ, 24 ਅਪ੍ਰੈਲ
ਲੈਫ. ਜਨਰਲ ਟੀ.ਐਸ. ਸ਼ੇਰਗਿੱਲ , ਸੀਨੀਅਰ ਵਾਇਸ ਚੇਅਰਮੈਨ ਜੀ.ਓ.ਜੀ. ਅਤੇ ਸੀਨੀਅਰ ਸਲਾਹਕਾਰ, ਮੁੱਖ ਮੰਤਰੀ, ਪੰਜਾਬ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ, ਜ਼ਿਲ੍ਹਾ ਪੁਲੀਸ ਮੁਖੀ ਸ਼੍ਰੀਮਤੀ ਅਮਨੀਤ ਕੌਂਡਲ ਸਮੇਤ ਜ਼ਿਲ੍ਹੇ ਹੋਰ ਪ੍ਰਸ਼ਾਸਨਿਕ ਅਧਿਕਾਰੀਆਂ ਤੇ ਜ਼ਿਲ੍ਹੇ ਜੀ.ਓ.ਜੀਜ਼ ਨਾਲ ਮੀਟਿੰਗ ਦੌਰਾਨ ਕਿਹਾ ਕਿ ਖੁਸ਼ਹਾਲੀ ਦੇ ਰਾਖੇ ਕੋਵਿਡ-19 ਖ਼ਿਲਾਫ਼ ਜੰਗ ਵਿਚ ਅਹਿਮ ਭੂਮਿਕਾ ਨਿਭਾਅ ਰਹੇ ਹਨ। ਇਸ ਦੇ ਨਾਲ ਹੀ ਕਣਕ ਦੀ ਖ਼ਰੀਦ ਪ੍ਰਕਿਰਿਆ ਵਿੱਚ ਵੀ ਖੁਸ਼ਹਾਲੀ ਦੇ ਰਾਖਿਆਂ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਅਤੇ ਕਣਕ ਦੀ ਖ਼ਰੀਦ ਸਬੰਧੀ ਕੀਤੇ ਪ੍ਰਬੰਧਾਂ ਲਈ ਜ਼ਿਲ੍ਹਾ ਪ੍ਰਸ਼ਾਸਨ ਦੀ ਸ਼ਲਾਘਾ ਵੀ ਕੀਤੀ।
ਸ੍ਰੀ ਸ਼ੇਰਗਿੱਲ ਨੇ ਦੱਸਿਆ ਕਿ ਕਣਕ ਦੀ ਵਾਢੀ ਅਤੇ ਖ਼ਰੀਦ ਪ੍ਰਕਿਰਿਆ ਦੌਰਾਨ ਕਿਸਾਨਾਂ ਨੂੰ ਕੋਈ ਮੁਸ਼ਕਿਲ ਨਾ ਆਵੇ, ਇਸ ਲਈ ਖੁਸ਼ਹਾਲੀ ਦੇ ਰਾਖੇ ਪਿੰਡਾਂ ਵਿੱਚ ਪੂਰੀ ਚੌਕਸੀ ਰੱਖ ਰਹੇ ਹਨ ਅਤੇ ਕਿਸੇ ਵੀ ਕਿਸਮ ਦੀ ਮੁਸ਼ਕਿਲ ਸਾਹਮਣੇ ਆਉਣ 'ਤੇ ਉਹ ਤੁਰੰਤ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਂਦੀ ਜਾ ਰਹੀ ਹੈ ਤਾਂ ਜੋ ਬਿਨਾਂ ਦੇਰੀ ਕਿਸਾਨਾਂ ਦੀਆਂ ਮੁਸ਼ਕਿਲਾਂ ਦਾ ਹੱਲ ਹੋ ਸਕੇ।
ਸ੍ਰੀ ਸ਼ੇਰਗਿੱਲ ਨੇ ਕਿਹਾ ਕਿ ਕੋਵਿਡ 19 ਸਭ ਲਈ ਇਕ ਚੁਣੌਤੀ ਹੈ ਅਤੇ ਚੜ੍ਹਦੀਕਲਾ ਅਤੇ ਜਿੱਤ ਦਾ ਜਜ਼ਬਾ ਮਨ ਵਿੱਚ ਲੈ ਕੇ ਇਸ 'ਤੇ ਫਤਿਹ ਪਾਉਣੀ ਹੈ। ਉਨ੍ਹਾਂ ਨੇ ਜੀਓਜੀਜ਼ ਨੂੰ ਕਿਹਾ ਕਿ ਸਮੂਹ ਖੁਸ਼ਹਾਲੀ ਦੇ ਰਾਖੇ ਪਿੰਡਾਂ ਵਿੱਚ ਲੋਕਾਂ ਨੂੰ ਇਸ ਬਿਮਾਰੀ ਤੋਂ ਬਚਾਅ ਲਈ ਜ਼ਰੂਰੀ ਸਾਵਧਾਨੀਆਂ ਪ੍ਰਤੀ ਜਾਗਰੂਕ ਕਰਦੇ ਰਹਿਣ ਅਤੇ ਨਾਲ ਹੀ ਕਣਕ ਦੀ ਵਾਢੀ ਤੇ ਖ਼ਰੀਦ ਸਬੰਧੀ ਕਾਰਜਾਂ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਨੂੰ ਪੂਰਨ ਸਹਿਯੋਗ ਦਿੰਦੇ ਰਹਿਣ।
ਮੁੱਖ ਮੰਤਰੀ ਦੇ ਮੁੱਖ ਸਲਾਹਕਾਰ ਨੇ ਦੱਸਿਆ ਕਿ ਸਰਕਾਰ ਵੱਲੋਂ ਜਨਤਕ ਵੰਡ ਪ੍ਰਣਾਲੀ ਰਾਹੀਂ ਕਣਕ ਦੀ ਵੰਡ, ਪੈਨਸ਼ਨਾਂ ਅਤੇ ਹੋਰ ਲੋਕ ਕਲਿਆਣਕਾਰੀ ਸਕੀਮਾਂ ਤਹਿਤ ਰਕਮਾਂ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿਚ ਪਾਈਆਂ ਗਈਆਂ ਹਨ। ਅਜਿਹੇ ਵਿਚ ਜੀਓਜੀਜ਼ ਲਾਭਪਾਤਰੀਆਂ ਨੂੰ ਜਾਗਰੂਕ ਵੀ ਕਰਨ ਕਿ ਇਹ ਸੁਵਿਧਾਵਾਂ ਪ੍ਰਾਪਤ ਕਰਦੇ ਸਮੇਂ ਲੋਕ ਸਮਾਜਿਕ ਦੂਰੀ ਦਾ ਸਖ਼ਤੀ ਨਾਲ ਪਾਲਣ ਕਰਨ ਅਤੇ ਨਾਲ ਹੀ ਹਰੇਕ ਯੋਗ ਲਾਭਪਾਤਰੀ ਤੱਕ ਸਰਕਾਰੀ ਮਦਦ ਦੀ ਪਹੁੰਚ ਵੀ ਯਕੀਨੀ ਹੋਵੇ।
ਇਸ ਮੌਕੇ ਲੈਫ. ਜਨਰਲ ਟੀ.ਐਸ. ਸ਼ੇਰਗਿੱਲ ਨੇ ਦੱਸਿਆ ਕਿ ਜੀਓਜੀ ਦੇ ਕੰਮ ਨੂੰ ਹੋਰ ਪ੍ਰਭਾਵੀ ਕਰਨ ਲਈ ਆਨਲਾਈਨ ਪੋਰਟਲ ਨੂੰ ਹੋਰ ਸਮਰੱਥ ਕੀਤਾ ਗਿਆ ਹੈ, ਜਿਸ ਨਾਲ ਪੰਜਾਬ ਦੇ ਦੂਰਦਰਾਜ਼ ਪਿੰਡਾਂ ਤੋਂ ਖੁਸ਼ਹਾਲੀ ਦੇ ਰਾਖੇ ਤੁਰੰਤ ਆਪਣੀ ਰਿਪੋਰਟ ਸਿੱਧੇ ਉਨ੍ਹਾਂ ਨੂੰ ਅਤੇ ਮੁੱਖ ਮੰਤਰੀ, ਪੰਜਾਬ ਦੇ ਦਫ਼ਤਰ ਨੂੰ ਭੇਜ ਸਕਦੇ ਹਨ। ਇਸ ਨਾਲ ਲੋਕ ਮਸਲਿਆਂ ਦਾ ਤੇਜ਼ੀ ਨਾਲ ਨਿਪਟਾਰਾ ਸੰਭਵ ਹੋ ਸਕੇਗਾ।
ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਔਰੰਗਾਬਾਦ ਤੋਂ ਆਈਆਂ ਦੋ ਔਰਤਾਂ ਕੋਰੋਨਾ ਪਾਜ਼ੇਟਿਵ ਆਈਆਂ ਸਨ, ਜਿਨ੍ਹਾਂ ਦੇ ਠੀਕ ਹੋਣ ਉਪਰੰਤ ਉਨ੍ਹਾਂ ਨੂੰ ਹਸਪਤਾਲ ਵਿੱਚੋਂ ਡਿਸਚਾਰਜ ਕਰ ਦਿੱਤਾ ਗਿਆ ਹੈ ਪਰ ਇਕਾਂਤਵਾਸ ਵਿੱਚ ਰੱਖਿਆ ਗਿਆ ਹੈ। ਐਸ.ਐਸ.ਪੀ. ਸ੍ਰੀਮਤੀ ਅਮਨੀਤ ਕੌਂਡਲ ਨੇ ਕਰਫਿਊ ਦੀ ਉਲੰਘਣਾ ਅਤੇ ਗਲਤ ਜਾਣਕਾਰੀ ਤੇ ਅਫਵਾਹਾਂ ਫੈਲਾਉਣ ਖਿਲਾਫ ਕੀਤੀ ਗਈ ਕਾਰਵਾਈ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਜੀਓਜੀਜ਼ ਦੇ ਜ਼ਿਲ੍ਹਾ ਹੈੱਡ ਕਰਨਲ ਅਮਰਜੀਤ ਸਿੰਘ ਨੇ ਜ਼ਿਲ੍ਹੇ ਵਿੱਚ ਖੁਸ਼ਹਾਲੀ ਦੇ ਰਾਖਿਆਂ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਜਾਣਕਾਰੀ ਦਿੱਤੀ।
ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਜਸਪ੍ਰੀਤ ਸਿੰਘ, ਲੈਫ. ਜਨਰਲ ਟੀ.ਐਸ. ਸ਼ੇਰਗਿੱਲ ਦੇ ਓ.ਐਸ.ਡੀ. ਕਰਨਵੀਰ ਸਿੰਘ, ਸਹਾਇਕ ਕਮਿਸ਼ਨਰ (ਜਨਰਲ) ਜਸਪ੍ਰੀਤ ਸਿੰਘ, ਡੀ.ਐਫ.ਐਸ.ਸੀ. ਰਵਿੰਦਰ ਕੌਰ ਵੀ ਹਾਜ਼ਰ ਸਨ।